ਫ਼ਸਲੀ ਨੁਕਸਾਨ ਦੇ ਸਦਮੇ ਕਾਰਨ ਕਿਸਾਨ ਦੀ ਖੇਤ 'ਚ ਮੌਤ

ਸਮਾਣਾ (ਪੱਤਰ ਪ੍ਰੇਰਕ): ਪਿੰਡ ਗਾਜੀਪੁਰ ਵਿੱਚ ਫ਼ਸਲ ਦੇ ਨੁਕਸਾਨ ਦਾ ਸਦਮਾ ਨਾ ਸਹਾਰਦਿਆਂ ਕਿਸਾਨ ਮਹਿੰਦਰ ਸਿੰਘ ਵੜੈਚ (74) ਦੀ ਖੇਤ ਵਿੱਚ ਹੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਮਹਿੰਦਰ ਸਿੰਘ ਦੇ ਪੁੱਤਰ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਮੀਂਹ ਕਾਰਨ ਨੁਕਸਾਨੀ ਝੋਨੇ ਦੀ ਫ਼ਸਲ ਦਾ ਸਦਮਾ ਨਾ ਸਹਾਰਦਿਆਂ ਅੱਜ ਖੇਤ ਵਿੱਚ ਉਸ ਦੇ ਪਿਤਾ ਦੀ ਮੌਤ ਹੋ ਗਈ। ਨਾਇਬ ਤਹਿਸੀਲਦਾਰ ਹਰਨੇਕ ਸਿੰਘ ਨੇ ਪੁਸ਼ਟੀ ਕਰਦਿਆਂ ਕਿਹਾ ਕਿ ਸਰਕਾਰ ਨੂੰ ਰਿਪੋਰਟ ਬਣਾ ਕੇ ਭੇਜੀ ਜਾਵੇਗੀ।

ਨਰਮਾ ਪੱਟੀ ਦੇ ਕਿਸਾਨਾਂ ਨੇ ਮੁਆਵਜ਼ੇ ਲਈ ਬਠਿੰਡੇ 'ਚ ਗੱਡੇ ਝੰਡੇ

ਅਣਮਿਥੇ ਸਮੇਂ ਲਈ ਬਠਿੰਡਾ ਮਿਨੀ ਸਕੱਤਰੇਤ ਘੇਰਿਆ; ਨੁਕਸਾਨੀਆਂ ਫ਼ਸਲਾਂ ਦਾ ਮੁਆਵਜ਼ਾ ਤੁਰੰਤ ਦੇਣ ਦੀ ਮੰਗ

ਸ਼ਗਨ ਕਟਾਰੀਆ

ਬਠਿੰਡਾ, 25 ਅਕਤੂਬਰ

ਗੁਲਾਬੀ ਸੁੰਡੀ ਅਤੇ ਮੌਸਮੀ ਆਫ਼ਤਾਂ ਕਾਰਨ ਨੁਕਸਾਨੀਆਂ ਫ਼ਸਲਾਂ ਅਤੇ ਖਾਸ ਕਰ ਕੇ ਨਰਮੇ ਦੀ ਫ਼ਸਲ ਦੇ ਮੁਆਵਜ਼ੇ ਦੀ ਅਦਾਇਗੀ ਦੀ ਮੰਗ ਨੂੰ ਲੈ ਕੇ ਅੱਜ ਵੱਡੀ ਗਿਣਤੀ ਕਿਸਾਨਾਂ ਵੱਲੋਂ ਮਾਲਵੇ ਦੀ ਧੁੰਨੀ ਬਠਿੰਡਾ ਦੇ ਮਿਨੀ ਸਕੱਤਰੇਤ ਨੂੰ ਘੇਰ ਲਿਆ ਗਿਆ। ਮਾਲਵਾ ਦੇ ਅੱਠ ਜ਼ਿਲ੍ਹਿਆਂ ਤੋਂ ਟਰਾਲੀਆਂ, ਬੱਸਾਂ, ਕਾਰਾਂ ਰਾਹੀਂ ਪਹੁੰਚੇ ਵੱਡੀ ਗਿਣਤੀ ਕਿਸਾਨ ਪੁਲੀਸ ਰੋਕਾਂ ਹਟਾ ਕੇ ਮਿਨੀ ਸਕੱਤਰੇਤ ਤੱਕ ਪਹੁੰਚੇ। ਸਕੱਤਰੇਤ ਦੇ ਚਾਰੋਂ ਦਰਵਾਜ਼ਿਆਂ 'ਤੇ ਧਰਨੇ ਲੱਗੇ ਹੋਏ ਸਨ ਅਤੇ ਆਵਾਜਾਈ ਠੱਪ ਪਈ ਸੀ।

ਇਸ ਮੌਕੇ ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੇ ਸੀਨੀਅਰ ਆਗੂਆਂ ਨੇ ਦੇਸ਼ ਦੀ ਥੁੜਾਂ ਮਾਰੀ ਬਹੁ-ਗਿਣਤੀ ਨੂੰ ਜਮਾਤੀ ਸੰਘਰਸ਼ਾਂ ਦੇ ਰਾਹ ਪੈਣ ਦਾ ਸੱਦਾ ਦਿੱਤਾ। ਉਨ੍ਹਾਂ ਕੇਂਦਰ ਸਰਕਾਰ 'ਤੇ ਫ਼ਾਸ਼ੀਵਾਦ ਨੂੰ ਹਵਾ ਦੇ ਕੇ ਗਰੀਬ ਲੋਕਾਂ ਦੇ ਹੱਕ ਕਾਰਪੋਰੇਟ ਘਰਾਣਿਆਂ ਕੋਲ ਗਹਿਣੇ ਰੱਖਣ ਦਾ ਸਖ਼ਤ ਵਿਰੋਧ ਕੀਤਾ। ਬੁਲਾਰਿਆਂ ਨੇ ਕਿਹਾ ਕਿ ਧਰਮਾਂ, ਗੋਤਾਂ, ਜਾਤਾਂ, ਮਜ਼੍ਹਬਾਂ, ਖਿੱਤਿਆਂ, ਰੰਗ, ਨਸਲ ਆਦਿ ਦੀਆਂ ਵੰਡੀਆਂ ਪਾ ਕੇ ਹਾਕਮ ਆਪਣੀ ਕੁਰਸੀ ਦੀ ਉਮਰ ਲੰਮੇਰੀ ਕਰਨ ਦੀ ਕੋਸ਼ਿਸ਼ ਵਿਚ ਹਨ, ਪਰ ਜਾਗਰੂਕ ਲੋਕ ਅਜਿਹੇ ਮਨਸੂਬਿਆਂ ਨੂੰ ਪੂਰਾ ਨਹੀਂ ਹੋਣ ਦੇਣਗੇ।

ਨਰਮਾ ਪੱਟੀ 'ਚ ਗੁਲਾਬੀ ਸੁੰਡੀ ਅਤੇ ਮੀਹਾਂ ਦੀ ਮਾਰ ਹੇਠ ਆਈ ਫ਼ਸਲ ਦਾ ਮੁਆਵਜ਼ਾ ਦੇਣ ਲਈ ਪੰਜਾਬ ਸਰਕਾਰ 'ਤੇ 'ਆਨਾਕਾਨੀ' ਕਰਨ ਦਾ ਦੋਸ਼ ਲਾਉਂਦਿਆਂ ਆਗੂਆਂ ਨੇ ਕਿਹਾ ਕਿ ਇਸ ਗੰਭੀਰ ਮੁੱਦੇ 'ਤੇ ਸਰਕਾਰ ਦੀ ਮਾੜੀ ਕਾਰਗੁਜ਼ਾਰੀ ਤੋਂ ਤੰਗ ਆ ਕੇ ਅੰਤ ਕਿਸਾਨਾਂ ਨੂੰ ਸਕੱਤਰੇਤ ਦਾ ਕੰਮਕਾਜ ਠੱਪ ਕਰਵਾਉਣਾ ਪਿਆ ਹੈ। ਉਨ੍ਹਾਂ ਮੰਗ ਕੀਤੀ ਕਿ ਨਰਮਾ ਕਾਸ਼ਤਕਾਰਾਂ ਨੂੰ 60 ਹਜ਼ਾਰ ਰੁਪਏ ਪ੍ਰਤੀ ਏਕੜ ਅਤੇ ਨਰਮਾ ਚੁਗਣ ਵਾਲੇ ਖੇਤ ਮਜ਼ਦੂਰਾਂ ਨੂੰ ਪ੍ਰਤੀ ਪਰਿਵਾਰ 30 ਹਜ਼ਾਰ ਰੁਪਏ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਨਰਮੇ ਦੇ ਨੁਕਸਾਨ ਲਈ ਬਾਜ਼ਾਰਾਂ 'ਚ ਵਿਕ ਰਹੇ ਮਾੜੇ ਬੀਜ ਅਤੇ ਘਟੀਆ ਕੀਟਨਾਸ਼ਕ ਵੀ ਜ਼ਿੰਮੇਵਾਰ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦੇ ਵਿਕ੍ਰੇਤਾਵਾਂ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਜਾਵੇ।

ਬਠਿੰਡਾ 'ਚ ਮਿਨੀ ਸਕੱਤਰੇਤ ਦਾ ਘਿਰਾਓ ਕਰ ਕੇ ਬੈਠੇ ਕਿਸਾਨ। -ਫੋਟੋ: ਪਵਨ ਸ਼ਰਮਾ

ਖਾਣ-ਪੀਣ ਤੇ ਰਹਿਣ ਦਾ ਪ੍ਰਬੰਧ ਕਰ ਕੇ ਆਏ ਕਿਸਾਨ

ਪ੍ਰਦਰਸ਼ਨਕਾਰੀ ਕਿਸਾਨ ਆਪਣੀਆਂ ਟਰਾਲੀਆਂ 'ਤੇ ਤਰਪਾਲਾਂ ਪਾ ਕੇ ਲਿਆਏ ਹਨ। ਮਿਨੀ ਸਕੱਤਰੇਤ ਕੋਲ ਵੱਡਾ ਟੈਂਟ ਵੀ ਲਾਇਆ ਗਿਆ ਹੈ। ਸੌਣ ਲਈ ਨਾਲ ਲਿਆਂਦੇ ਗੱਦੇ ਵਿਛਾਏ ਗਏ। ਕਿਸਾਨ ਚਾਹ ਖ਼ੁਦ ਤਿਆਰ ਕਰ ਰਹੇ ਹਨ ਜਦਕਿ ਰਾਤ ਦੀ ਰੋਟੀ ਹਾਲੇ ਨੇੜਲੇ ਪਿੰਡਾਂ 'ਚੋਂ ਆਵੇਗੀ। ਕਿਸਾਨ ਆਗੂ ਜਸਵੀਰ ਸਿੰਘ ਨੇ ਦੱਸਿਆ ਕਿ ਮੰਗਲਵਾਰ ਤੋਂ ਘਿਰਾਓ ਵਾਲੀ ਥਾਂ 'ਤੇ ਰੋਟੀ-ਸਬਜ਼ੀ ਤਿਆਰ ਕਰਨ ਦਾ ਇੰਤਜ਼ਾਮ ਹੋ ਜਾਵੇਗਾ।

ਪ੍ਰਸ਼ਾਸਨ ਤੇ ਆਗੂਆਂ 'ਚ ਨਾ ਬੈਠਿਆ ਤਾਲਮੇਲ

ਕਿਸਾਨ ਆਗੂ ਸ਼ਿੰਗਾਰਾ ਸਿੰਘ ਮਾਨ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਤੇ ਐੱਸਐੱਸਪੀ ਦੀ ਐਤਵਾਰ ਨੂੰ ਕਿਸਾਨ ਆਗੂਆਂ ਨਾਲ ਹੋਈ ਮੀਟਿੰਗ ਠੋਸ ਭਰੋਸੇ ਦੀ ਘਾਟ ਕਾਰਨ ਬੇਸਿੱਟਾ ਰਹੀ। ਉਨ੍ਹਾਂ ਦੱਸਿਆ ਕਿ ਅੱਜ ਵੀ ਤਹਿਸੀਲਦਾਰ ਸੁਖਬੀਰ ਸਿੰਘ ਨੇ ਆਗੂਆਂ ਨੂੰ ਐਕਸ਼ਨ ਰੱਦ ਕਰਨ ਦੀ ਅਪੀਲ ਕੀਤੀ ਸੀ, ਪਰ ਸਰਕਾਰ ਦੇ ਗ਼ੈਰ-ਤਸੱਲੀਬਖ਼ਸ਼ ਵਤੀਰੇ ਕਾਰਨ ਇਹ ਅਪੀਲ ਮੰਨਣ ਤੋਂ ਨਾਂਹ ਕਰ ਦਿੱਤੀ ਗਈ।

ਝੋਨੇ ਦੀ ਨੁਕਸਾਨੀ ਫ਼ਸਲ ਦਾ ਮੁਆਵਜ਼ਾ ਦੇਵੇ ਸੂਬਾ ਸਰਕਾਰ: ਸੀਪੀਆਈ

ਪੱਤਰ ਪ੍ਰੇਰਕ

ਚੰਡੀਗੜ੍ਹ, 25 ਅਕਤੂਬਰ

ਪੰਜਾਬ ਸੀਪੀਆਈ ਨੇ ਬੇਮੌਸਮੇ ਮੀਂਹ ਪੈਣ ਕਾਰਨ ਸੂਬੇ ਵਿੱਚ ਨੁਕਸਾਨੀ ਗਈ ਝੋਨੇ ਦੀ ਫ਼ਸਲ ਦਾ ਕਿਸਾਨਾਂ ਨੂੰ ਪ੍ਰਤੀ ਏਕੜ 50 ਹਜ਼ਾਰ ਰੁਪਏ ਅਤੇ ਖੇਤ ਮਜ਼ਦੂਰਾਂ ਨੂੰ ਪ੍ਰਤੀ ਪਰਿਵਾਰ 15 ਹਜ਼ਾਰ ਰੁਪਏ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ। ਸੀਪੀਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਆਖਿਆ ਕਿ ਪਹਿਲਾਂ ਕਪਾਹ ਤੇ ਨਰਮੇ ਨੂੰ ਗੁਲਾਬੀ ਸੁੰਡੀ ਨੇ ਤਬਾਹ ਕਰ ਦਿੱਤਾ ਅਤੇ ਹੁਣ ਪਏ ਬੇਮੌਸਮੇ ਮੀਹਾਂ ਨੇ ਝੋਨੇ ਦੀ ਫ਼ਸਲ ਤਬਾਹ ਕਰ ਦਿੱਤੀ ਹੈ, ਜਿਸ ਨਾਲ ਕਿਸਾਨਾਂ ਦੀ ਹਾਲਤ ਹੋਰ ਵੀ ਬਦਤਰ ਹੋ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਫੌਰੀ ਤੌਰ 'ਤੇ ਕਿਸਾਨਾਂ ਅਤੇ ਖੇਤ ਮਜ਼ਦੂਰ ਪਰਿਵਾਰਾਂ ਨੂੰ ਮੁਆਵਜ਼ਾ ਯਕੀਨੀ ਬਣਾ ਕੇ ਪੇਂਡੂ ਅਰਥਚਾਰੇ ਅਤੇ ਪਰਿਵਾਰਾਂ ਨੂੰ ਜੀਵਨ ਨਿਰਬਾਹ ਕਰਨ ਵਾਸਤੇ ਮੁਆਵਜ਼ਾ ਦੇਣ ਦੀ ਲੋੜ ਹੈ। ਇਸ ਦੇ ਨਾਲ ਹੀ ਕਿਸਾਨਾਂ ਅਤੇ ਮਜ਼ਦੂਰਾਂ ਦੇ ਕਰਜ਼ੇ ਵੀ ਮੁਆਫ਼ ਕਰਨੇ ਚਾਹੀਦੇ ਹਨ।

'ਆਪ' ਆਗੂਆਂ ਵੱਲੋਂ ਮੰਡੀਆਂ ਦਾ ਦੌਰਾ

ਬਦਰੰਗ ਦਾਣਾ ਅਤੇ ਨਮੀ ਦੀਆਂ ਸ਼ਰਤਾਂ ਵਿੱਚ ਛੋਟ ਦੇਵੇ ਕੇਂਦਰ ਸਰਕਾਰ: ਸੰਧਵਾਂ

ਟ੍ਰਿਬਿਊਨ ਨਿਊਜ਼ ਸਰਵਿਸ

ਚੰਡੀਗੜ੍ਹ, 25 ਅਕਤੂਬਰ

ਆਮ ਆਦਮੀ ਪਾਰਟੀ ਪੰਜਾਬ ਦੇ ਵਿਧਾਇਕਾਂ ਅਤੇ ਆਗੂਆਂ ਨੇ ਅੱਜ ਸੂਬੇ ਦੀਆਂ ਵੱਖ-ਵੱਖ ਮੰਡੀਆਂ ਦਾ ਦੌਰਾ ਕੀਤਾ। ਉਨ੍ਹਾਂ ਝੋਨੇ ਦੀ ਫ਼ਸਲ ਲੈ ਕੇ ਬੈਠੇ ਕਿਸਾਨਾਂ, ਆੜ੍ਹਤੀਆਂ ਅਤੇ ਪੱਲੇਦਾਰਾਂ ਨਾਲ ਮੁਲਾਕਾਤ ਕਰ ਕੇ ਮੀਂਹ, ਹਨ੍ਹੇਰੀ ਅਤੇ ਗੜਿਆਂ ਕਾਰਨ ਹੋਏ ਫ਼ਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਵੀ ਲਿਆ। ਇਸ ਦੌਰਾਨ 'ਆਪ' ਆਗੂਆਂ ਨੇ ਮੰਗ ਕੀਤੀ ਕਿ ਗੁਰਦਾਸਪੁਰ, ਅੰਮ੍ਰਿਤਸਰ, ਫਰੀਦਕੋਟ, ਮਾਨਸਾ, ਬਠਿੰਡਾ, ਸੰਗਰੂਰ, ਕੋਟਕਪੂਰਾ, ਸ੍ਰੀ ਮੁਕਤਸਰ ਸਾਹਿਬ, ਲੁਧਿਆਣਾ ਅਤੇ ਖਰੜ ਵਿੱਚ ਕੁਦਰਤੀ ਆਫ਼ਤ ਕਾਰਨ ਹੋਏ ਨੁਕਸਾਨ ਸਬੰਧੀ ਵਿਸ਼ੇਸ਼ ਰਾਹਤ ਪੈਕੇਜ ਦਿੱਤਾ ਜਾਵੇ ਅਤੇ ਖ਼ਰਾਬ ਹੋਈਆਂ ਫ਼ਸਲਾਂ ਦਾ 100 ਫ਼ੀਸਦੀ ਮੁਆਵਜ਼ਾ ਦਿੱਤਾ ਜਾਵੇ।

'ਆਪ' ਕਿਸਾਨ ਵਿੰਗ ਦੇ ਸੂਬਾ ਪ੍ਰਧਾਨ ਅਤੇ ਵਿਧਾਇਕ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ 'ਚ ਬੀਤੇ ਦਿਨਾਂ ਦੌਰਾਨ ਪਏ ਬੇਮੌਸਮੇ ਮੀਂਹ, ਗੜੇਮਾਰੀ ਅਤੇ ਤੇਜ਼ ਹਵਾਵਾਂ ਕਾਰਨ ਝੋਨੇ ਦੀ ਖੜ੍ਹੀ ਅਤੇ ਮੰਡੀਆਂ 'ਚ ਪਈ ਫ਼ਸਲ ਦਾ ਨੁਕਸਾਨ ਹੋਇਆ ਹੈ, ਉੱਥੇ ਹੀ ਨਰਮਾ, ਕਪਾਹ, ਗੰਨਾ ਅਤੇ ਸਬਜ਼ੀਆਂ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈਆਂ ਹਨ। ਸ੍ਰੀ ਸੰਧਵਾਂ ਨੇ ਦੋਸ਼ ਲਾਇਆ ਕਿ ਪੰਜਾਬ ਦੀਆਂ ਝੋਨੇ ਦੀ ਫ਼ਸਲ ਦੀ ਬੋਲੀ, ਭਰਾਈ ਅਤੇ ਚੁਕਾਈ 'ਚ ਹੋਈ ਦੇਰੀ ਕਾਰਨ ਮੰਡੀਆਂ 'ਚ ਪਈ ਫ਼ਸਲ ਮੀਂਹ ਦੌਰਾਨ ਖ਼ਰਾਬ ਹੋਈ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਝੋਨੇ ਦੀ ਖ਼ਰੀਦ 'ਚ ਅੜਿੱਕੇ ਲਾਏ ਅਤੇ ਫੇਰ ਨਮੀ ਦੀ ਵੱਧ ਮਾਤਰਾ ਦਾ ਬਹਾਨਾ ਬਣਾ ਕੇ ਝੋਨਾ ਖ਼ਰੀਦਣ 'ਚ ਦੇਰੀ ਕੀਤੀ ਗਈ ਜਿਸ ਲਈ ਕੇਂਦਰ ਅਤੇ ਪੰਜਾਬ ਸਰਕਾਰ ਬਰਾਬਰ ਦੀਆਂ ਜ਼ਿੰਮੇਵਾਰ ਹਨ। 'ਆਪ' ਆਗੂਆਂ ਨੇ ਕਿਹਾ ਕਿ ਪਿਛਲੇ ਸੀਜ਼ਨ 'ਚ ਬਾਰਦਾਨੇ ਦੀ ਘਾਟ ਕਾਰਨ ਕਿਸਾਨ ਪ੍ਰੇਸ਼ਾਨ ਹੋਏ ਸਨ ਅਤੇ ਹੁਣ ਵੱਧ ਨਮੀ ਦੇ ਨਾਂ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।

ਖਰੜ ਮੰਡੀ ਦਾ ਦੌਰਾ ਕਰਦੇ ਹੋਏ ਆਮ ਆਦਮੀ ਪਾਰਟੀ ਦੇ ਆਗੂ।

ਮੁੱਖ ਮੰਤਰੀ ਵੱਲੋਂ ਝੋਨੇ ਦੀ ਆਮ ਖਰੀਦ ਜਲਦੀ ਸ਼ੁਰੂ ਕਰਨ ਦੇ ਆਦੇਸ਼

ਟਿਬਿਊਨ ਨਿਊਜ਼ ਸਰਵਿਸ

ਚੰਡੀਗੜ੍ਹ, 25 ਅਕਤੂਬਰ

ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਅੱਜ ਖਰੀਦ ਏਜੰਸੀਆਂ ਨੂੰ ਪਿਛਲੇ ਦੋ ਦਿਨਾਂ ਤੋਂ ਪੰਜਾਬ ਦੇ ਕੁੱਝ ਹਿੱਸਿਆਂ ਵਿੱਚ ਪਏ ਭਾਰੀ ਮੀਂਹ ਮਗਰੋਂ ਝੋਨੇ ਦੀ ਖਰੀਦ ਪ੍ਰਕਿਰਿਆ ਮੁੜ ਲੀਹ 'ਤੇ ਲਿਆਉਣ ਲਈ ਸਾਰੇ ਲੋੜੀਂਦੇ ਕਦਮ ਚੁੱਕਣ ਦੀ ਹਦਾਇਤ ਕੀਤੀ ਹੈ। ਮੁੱਖ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਅੱਜ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਵਿਭਾਗ ਦੇ ਸਕੱਤਰ ਗੁਰਕਿਰਤ ਕਿਰਪਾਲ ਸਿੰਘ ਨੇ ਸਾਰੀਆਂ ਖਰੀਦ ਏਜੰਸੀਆਂ, ਐੱਫਸੀਆਈ ਤੇ ਮੰਡੀ ਬੋਰਡ ਦੇ ਮੁਖੀਆਂ ਦੀ ਮੀਟਿੰਗ ਸੱਦੀ। ਅਧਿਕਾਰੀਆਂ ਨੇ ਭਾਰੀ ਮੀਂਹ ਕਾਰਨ ਪੈਦਾ ਹੋਈ ਸਥਿਤੀ ਅਤੇ ਮੰਡੀਆਂ ਵਿੱਚ ਪਈ ਝੋਨੇ ਦੀ ਫ਼ਸਲ 'ਤੇ ਪੈਣ ਵਾਲੇ ਪ੍ਰਭਾਵ ਦਾ ਜਾਇਜ਼ਾ ਲਿਆ। ਮੰਡੀ ਬੋਰਡ ਦੇ ਸਕੱਤਰ ਰਵੀ ਭਗਤ ਨੇ ਦੱਸਿਆ ਕਿ ਸਾਰੀਆਂ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ ਅਤੇ ਝੋਨੇ ਦੇ ਭੰਡਾਰ ਨੂੰ ਤਰਪਾਲਾਂ ਨਾਲ ਢੱਕ ਦਿੱਤਾ ਗਿਆ ਹੈ।

ਪੰਜਾਬੀ ਭਾਸ਼ਾ ਨੂੰ ਮੁੱਖ ਭਾਸ਼ਾਵਾਂ ਦੀ ਸ਼੍ਰੇਣੀ ਵਿੱਚ ਰੱਖਿਆ ਜਾਵੇ: ਬੀਬੀ ਜਗੀਰ ਕੌਰ

- ਗੁਰਦੁਆਰਾ ਸੁਧਾਰ ਲਹਿਰ ਦੇ ਸ਼ਹੀਦਾਂ ਦੀ ਯਾਦ ਵਿੱਚ ਗੁਰਮਤਿ ਮਿਸ਼ਨਰੀ ਕਾਲਜਾਂ ਦਾ ਸਮਾਗਮ ਅੱਜ

ਟ੍ਰਿਬਿਊਨ ਨਿਊਜ਼ ਸਰਵਿਸ

ਅੰਮ੍ਰਿਤਸਰ, 25 ਅਕਤੂਬਰ

ਸ਼੍ਰੋਮਣੀ ਕਮੇਟੀ ਨੇ ਮੰਗ ਕੀਤੀ ਹੈ ਕਿ ਸੀਬੀਐੱਸਈ ਵੱਲੋਂ ਪੰਜਾਬੀ ਭਾਸ਼ਾ ਨੂੰ ਮੁੱਖ ਭਾਸ਼ਾ ਦਾ ਦਰਜਾ ਦਿੱਤਾ ਜਾਵੇ ਅਤੇ ਇਸ ਨੂੰ ਮੁੱਖ ਵਿਸ਼ਿਆਂ ਵਿੱਚੋਂ ਬਾਹਰ ਨਾ ਕੀਤਾ ਜਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਅਣਗੌਲਿਆਂ ਕਰਨਾ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਪੰਜਾਬੀ ਅਲਪ ਵਿਸ਼ਾ ਨਹੀਂ ਹੈ, ਸਗੋਂ ਇਹ ਵਿਸ਼ਵ ਭਰ ਵਿੱਚ ਪੜ੍ਹੀ ਤੇ ਬੋਲੀ ਜਾਣ ਵਾਲੀ ਭਾਸ਼ਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਗੁਰਮੁਖੀ ਵਿੱਚ ਹੈ ਅਤੇ ਜੇਕਰ ਬੱਚਿਆਂ ਨੂੰ ਪੰਜਾਬੀ ਭਾਸ਼ਾ ਨੂੰ ਪੜ੍ਹਨ-ਲਿਖਣ ਦਾ ਗਿਆਨ ਨਹੀਂ ਹੋਵੇਗਾ ਤਾਂ ਉਹ ਆਪਣੇ ਧਰਮ ਨਾਲ ਕਿਵੇਂ ਜੁੜ ਸਕਣਗੇ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਭਾਸ਼ਾਵਾਂ ਸਬੰਧੀ ਅਜਿਹੇ ਵਿਤਕਰੇ ਨੂੰ ਛੱਡ ਕੇ ਪੰਜਾਬੀ ਭਾਸ਼ਾ ਨੂੰ ਮੁੱਖ ਵਿਸ਼ਿਆਂ ਵਿੱਚ ਮੁੜ ਸ਼ਾਮਲ ਕੀਤਾ ਜਾਵੇ। ਬੀਬੀ ਜਗੀਰ ਕੌਰ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀ ਸਥਾਪਨਾ ਨੂੰ ਸੌ ਸਾਲ ਪੂਰੇ ਹੋ ਚੁੱਕੇ ਹਨ। ਇਹ ਪੂਰਾ ਸਾਲ ਸ਼੍ਰੋਮਣੀ ਕਮੇਟੀ ਦੇ ਸਥਾਪਨਾ ਵਰ੍ਹੇ ਨੂੰ ਸਮਰਪਿਤ ਸੀ, ਜਿਸ ਤਹਿਤ ਵੱਖ-ਵੱਖ ਗੁਰਮਤਿ ਸਮਾਗਮ ਕਰਵਾਏ ਗਏ। ਇਸੇ ਲੜੀ ਤਹਿਤ ਗੁਰਦੁਆਰਾ ਸੁਧਾਰ ਲਹਿਰ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਸਿੱਖ ਮਿਸ਼ਨਰੀ ਕਾਲਜਾਂ ਦਾ ਗੁਰਮਤਿ ਸਮਾਗਮ ਭਲਕੇ 26 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹੋਵੇਗਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਨੇ ਕਰੋਨਾ ਮਹਾਮਾਰੀ ਦੌਰਾਨ ਸੇਵਾਵਾਂ ਨਿਭਾਉਣ ਵਾਲੇ ਗੁਰੂ ਰਾਮਦਾਸ ਹਸਪਤਾਲ ਦੇ ਮੁਲਾਜ਼ਮਾਂ ਨੂੰ ਇਕ ਵਿਸ਼ੇਸ਼ ਤਰੱਕੀ ਦੇਣ ਦਾ ਫ਼ੈਸਲਾ ਲਿਆ ਹੈ, ਜਿਸ ਤਹਿਤ ਹਸਪਤਾਲ ਪ੍ਰਸ਼ਾਸਨ ਕੋਲੋਂ ਮੁਲਾਜ਼ਮਾਂ ਦੀਆਂ ਸੂਚੀਆਂ ਮੰਗੀਆਂ ਗਈਆਂ ਹਨ।

ਕਿਸਾਨਾਂ ਨੇ ਚਿੱਪ ਵਾਲੇ ਮੀਟਰ ਲਾਹ ਕੇ ਅਧਿਕਾਰੀਆਂ ਨੂੰ ਸੌਂਪੇ

ਮੁੜ ਮੀਟਰ ਲਾਉਣ 'ਤੇ ਪਾਵਰਕੌਮ ਖ਼ਿਲਾਫ਼ ਸੰਘਰਸ਼ ਵਿੱਢਣ ਦੀ ਚਿਤਾਵਨੀ

ਬੀਰਬਲ ਰਿਸ਼ੀ

ਸ਼ੇਰਪੁਰ, 25 ਅਕਤੂਬਰ

ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਨੇ ਅੱਜ ਪਾਵਰਕੌਮ ਵੱਲੋਂ ਸ਼ੇਰਪੁਰ ਵਿੱਚ ਥਾਣੇ ਸਮੇਤ ਵੱਖ-ਵੱਖ ਥਾਵਾਂ 'ਤੇ ਲਗਾਏ ਚਿੱਪ ਵਾਲੇ ਚਾਰ ਮੀਟਰ ਲਾਹ ਕੇ ਪਾਵਰਕੌਮ ਦੇ ਜੇਈ ਗੁਰਮੁਖ ਸਿੰਘ ਤੇ ਹੋਰ ਮੁਲਾਜ਼ਮਾਂ ਨੂੰ ਸੌਂਪਣ ਮਗਰੋਂ ਕੁਨੈਕਸ਼ਨ ਸਿੱਧੇ ਜੋੜ ਦਿੱਤੇ।

ਬੀਕੇਯੂ ਡਕੌਂਦਾ ਦੇ ਬਲਾਕ ਆਗੂ ਬਲਵੰਤ ਸਿੰਘ ਛੰਨਾ, ਸੁਖਵਿੰਦਰ ਸਿੰਘ ਲੀਲਾ, ਗੁਰਚਰਨ ਸਿੰਘ ਖ਼ਜ਼ਾਨਚੀ, ਮਾਸਟਰ ਚਰਨ ਜਵੰਧਾ ਅਤੇ ਨਿਰਮਲ ਭੋਲਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਚਿੱਪ ਵਾਲੇ ਮੀਟਰ ਲਗਾਏ ਜਾਣ ਦੀ ਕਾਰਵਾਈ ਮਹਿਜ਼ ਇਤਫ਼ਾਕ ਨਹੀਂ, ਸਗੋਂ ਪਾਵਰਕੌਮ ਨੂੰ ਪੂਰੀ ਤਰ੍ਹਾਂ ਨਿੱਜੀ ਹੱਥਾਂ ਵਿੱਚ ਦੇਣ ਦੀ ਤਿਆਰੀ ਸਬੰਧੀ ਕਾਰਵਾਈ ਹੈ। ਪਾਵਰਕੌਮ ਦਫ਼ਤਰ ਸ਼ੇਰਪੁਰ-1 ਵੱਲੋਂ ਥਾਣਾ ਸ਼ੇਰਪੁਰ, ਸਬ-ਤਹਿਸੀਲ, ਮਾਰਕੀਟ ਕਮੇਟੀ ਵਾਲੀ ਵਾਟਰ ਵਰਕਸ ਅ